ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)
E-mail Id : pwdmohali@gmail.com Tel. & Fax No. 0172-2226328

ਵੱਲ;

Principal,
Garden Valley International School,
Vill. Bela, Distt. Ropar.

ਨੰ: 9832 ਮਿਤੀ: 29-10-2020

ਵਿਸ਼ਾ:- **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

ਹਵਾਲਾ:- ਆਪ ਦੇ ਸਕੂਲ ਦਾ ਪੱਤਰ ਨੰ : GVIS/0042/20 ਮਿਤੀ 14.09.2020

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ 1, ਲੋ: ਨਿ: ਵਿ: ਭ ਤੇ ਮ ਸ਼ਾਖਾ, ਰੂਪਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋਂ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਸਕੂਲ ਵੱਲੋਂ ਇੰਸਪੈਕਸ਼ਨ ਫੀਸ ਰੁ: 15,000/- ਜੀ. ਆਰ. ਨੰ: ST-904009 ਮਿਤੀ 28.09.2020 **ਅਤੇ** ਰੁ: 1,000/- ਜੀ. ਆਰ. ਨੰ: ST-904010 ਮਿਤੀ 28.09.2020 ਰਾਹੀਂ (ਕੁੱਲ ਰਕਮ 16,000/- ਰੁਪਏ)' ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦੀ **ਬਿਲਡਿੰਗ ਸੇਫਟੀ ਸਰਟੀਫਿਕੇਟ** ਮਿਤੀ 31.03.2021 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ।

1 ਜੇ ਸਕੂਲ ਦੀ ਇਮਾਰਤ ਵਿੱਚ ਕੋਈ ਵੀ ਵਾਧਾ/ਬਦਲਾਅ ਕੀਤਾ ਜਾਂਦਾ ਹੈ ਜਾਂ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ।

2 ਜੇ ਬਿਲਡਿੰਗ ਹੜਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈਕ ਕਰਵਾਇਆ ਜਾਵੇ।

3 ਇਸ ਬਿਲਡਿੰਗ ਵਿੱਚ ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

4 ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ 1, ਲੋ:ਨਿ: ਵਿ: ਭ ਤੇ ਮ ਸ਼ਾਖਾ, ਰੂਪਨਗਰ ਨੂੰ ਉਨ੍ਹਾਂ ਦੇ ਪੱਤਰ ਨੰ:1705 ਮਿਤੀ 24.10.2020 ਦੇ ਹਵਾਲੇ ਵਿੱਚ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।